19-Oct-3st-7-8-Pages.qxd 10/19/2025 9:31 PM Page 3

ਰੰਗੋਲੀ ਮੁਕਾਬਲਿਆਂ ਦੌਰਾਨ ਚੇਅਰਮੈਨ ਚੱਢਾ ਸਕੂਲੀ ਵਿਦਿਆਰਥੀਆਂ ਨਾਲ। ਤਸਵੀਰ ਰਾਜੇਸ਼ ਚੌਧਰੀ

ਮਧੂਵਨ 'ਚ ਦੀਵਾਲੀ ਮੌਕੇ ਰੰਗੋਲੀ ਮੁਕਾਬਲੇ ਕਰਵਾਏ

ਨੂਰਪੁਰ ਬੇਦੀ, 19 ਅਕਤੂਬਰ (ਰਾਜੇਸ਼ ਚੌਧਰੀ ਤਖਤਗੜ੍ਹ)-ਮਧੂਵਨ ਵਾਟਿਕਾ ਪਬਲਿਕ ਸਕੂਲ ਅਸਮਾਨਪੁਰ ਵਲੋਂ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਰੰਗਾਂ ਤੇ ਰੌਸ਼ਨੀਆਂ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਰੰਗੋਲੀ ਮੇਕਿੰਗ, ਕਾਰਡ ਮੇਕਿੰਗ ਅਤੇ ਹੋਰ ਕਲਾਤਮਕ ਮੁਕਾਬਲਿਆਂ ਰਾਹੀਂ ਆਪਣੀ ਰਚਨਾਤਮਿਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਰੰਗੋਲੀ ਮੇਕਿੰਗ ਮੁਕਾਬਲੇ ਵਿਚ ਵਿਦਿਆਰਥੀਆਂ ਨੇ ਆਪਣੀ ਕਲਾ ਰਾਹੀਂ ਦੀਵਾਲੀ ਦੇ ਸੁਨੇਹੇ ਨੂੰ ਜੀਵਤ ਰੂਪ ਦਿੱਤਾ। ਇਨ੍ਹਾਂ ਮੁਕਾਬਲਿਆਂ 'ਚ ਆਕਾਸ਼ ਹਾਊਸ ਨੇ ਪਹਿਲਾ, ਅਗਨੀ ਹਾਊਸ ਨੇ ਦੂਸਰਾ, ਗੌਰੀ ਅਤੇ ਵਾਯੂ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜੱਜਾਂ ਦੀ ਭੂਮਿਕਾ ਦੀ ਜ਼ਿੰਮੇਵਾਰੀ ਸਕੂਲ ਚੇਅਰਮੈਨ ਅਮਿਤ ਚੱਢਾ, ਮੈਨੇਜਿੰਗ ਡਾਇਰੈਕਟਰ ਕੇਸ਼ਵ ਕੁਮਾਰ, ਮੈਡਮ ਦੀਪਿਕਾ ਪੁਰੀ, ਮੈਡਮ ਅਨੂ ਕੌਸਲ, ਮੈਡਮ ਸੁਰੇਖਾ ਰਾਣਾ, ਮੈਡਮ ਨੀਸ਼ਾ ਰਾਣੀ, ਅਤੇ ਮੈਡਮ ਖੁਸ਼ਵੰਤ ਕੌਰ ਵਲੋਂ ਨਿਭਾਈ ਗਈ। ਸਕੂਲ ਚੇਅਰਮੈਨ ਅਮਿਤ ਚੱਢਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਸੱਭਿਆਚਾਰਕ ਤੇ ਰਚਨਾਤਮਕ ਪ੍ਰੋਗਰਾਮ ਬੱਚਿਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਦੇ ਹਨ। ਸਾਨੂੰ ਚਾਹੀਦਾ ਹੈ, ਕਿ ਅਸੀਂ ਪਟਾਕਿਆਂ ਤੋਂ ਦੂਰ ਰਹਿ ਕੇ ਪ੍ਰਕਾਸ਼ ਤੇ ਪ੍ਰੇਮ ਦੀ ਸਾਫ਼-ਸੁਥਰੀ ਦੀਵਾਲੀ ਮਨਾਈਏ। ਸਕੂਲ ਵਿਚ ਦੀਵਾਲੀ ਦੀ ਖ਼ੁਸ਼ੀ ਰੰਗਾਂ ਅਤੇ ਮੁਸਕਰਾਹਟਾਂ ਰਾਹੀਂ ਬਖੇਰੀ ਗਈ। ਬੱਚਿਆਂ ਨੇ ਸੱਚਮੁੱਚ "ਰੌਸ਼ਨੀ ਦੀ ਜਿੱਤ ਤੇ ਅੰਧਕਾਰ ਦੀ ਹਾਰ"ਦਾ ਸੁਨੇਹਾ ਦਿੱਤਾ।

ਦੀਵਾਲੀ ਦੇ ਤਿਉਹਾਰ ਮੌਕੇ ਮਿੱਟੀ ਦੇ ਦੀਵੇ ਘਰ-ਘਰ ਪਹੁੰਚਾ ਕੇ ਰੌਸ਼ਨ ਕਰਨ ਵਾਲੇ ਕਿਰਤੀਆਂ ਨੂੰ ਆਧੁਨਿਕ ਬਿਜਲਈ ਦੀਵਿਆਂ ਦੀ ਪਈ ਵੱਡੀ ਮਾਰ

▶▶ ਅਲੋਪ ਹੁੰਦਾ ਜਾ ਰਿਹਾ ਮਿੱਟੀ ਦੇ ਦੀਵੇ ਬਣਾਉਣ ਦਾ ਕੰਮ

ਨੂਰਪੁਰ ਬੇਦੀ, 19 ਅਕਤੂਬਰ (ਵਿੰਦਰਪਾਲ ਝਾਂਡੀਆਂ)-ਅੱਜ ਦੇ ਆਧੁਨਿਕ ਯੁੱਗ ਦੀ ਵੱਡੀ ਤਬਦੀਲੀ ਨੇ ਜਿੱਥੇ ਹਰ ਵਰਗ ਨੂੰ ਪ੍ਰਭਾਵਿਤ ਕੀਤਾ ਹੈ। ਉੱਥੇ ਕਿਰਤੀ ਵਰਗ ਨੂੰ ਵਿਹਲਾ ਕਰਨ 'ਚ ਵੀ ਵੱਡਾ ਯੋਗਦਾਨ ਪਾਇਆ ਹੈ। ਜਿਸ ਦੇ ਚੱਲਦਿਆਂ ਦੀਵਾਲੀ ਦੇ ਪਵਿੱਤਰ ਤਿਉਹਾਰ ਮਨਾਉਣ ਨੂੰ ਲੈ ਕੇ ਹਰ ਵਰਗ ਦੇ ਲੋਕਾਂ 'ਚ ਭਾਰੀ ਉਤਸ਼ਾਹ ਹੁੰਦਾ ਹੈ, ਉੱਥੇ ਪੁਰਾਤਨ ਸਮੇਂ ਵਿਚ ਇਸ ਤਿਉਹਾਰ ਮੌਕੇ 'ਤੇ ਮਿੱਟੀ ਦੇ ਦੀਵੇ ਘਰ-ਘਰ ਵੇਚਣ ਵਾਲੇ ਕਿਰਤੀਆਂ ਨੂੰ ਅੱਜ ਤੇਜ਼ ਰਫ਼ਤਾਰੀ ਆਧੁਨਿਕ ਯੁੱਗ, ਚ ਰੰਗ ਬਿਰੰਗੇ ਬਿਜਲਈ ਦੀਵਿਆਂ ਦੀ ਵੱਡੀ ਮਾਰ ਪਈ ਹੈ। ਜਿਸ ਕਾਰਨ ਦੀਵਾਲੀ ਤੋਂ ਪਹਿਲਾ ਕਾਫ਼ੀ ਉਤਸ਼ਾਹ ਨਾਲ ਮਿੱਟੀ ਦੇ ਦੀਵੇ ਤਿਆਰ ਕਰਨ ਵਾਲੇ ਕਿਰਤੀਆਂ ਦਾ ਜੱਦੀ ਪੁਸ਼ਤੀ ਕਿੱਤਾ ਆਧੁਨਿਕਤਾ ਦੇ ਦੌਰ ਦੀ ਭੇਟ ਚੜ੍ਹ ਗਿਆ ਹੈ। ਜੋ ਦਿਨੋਂ ਦਿਨ ਚੌਪਟ ਹੁੰਦਾ ਜਾ ਰਿਹਾ ਹੈ। ਘਰ ਘਰ ਦੀਵੇ ਪਹੁੰਚ ਕੇ ਹੋਰਨਾਂ ਦੇ ਘਰਾਂ ਨੂੰ ਰੌਸ਼ਨ ਕਰਨ ਵਾਲੇ ਇਹ ਕਿਰਤੀ ਖ਼ੁਦ ਦੇ ਘਰ ਦੀ ਰੌਸ਼ਨੀ ਤੋਂ ਵਾਂਝੇ ਹੁੰਦੇ ਜਾ ਰਹੇ ਹੈ। ਇਸ ਕਿੱਤੇ 'ਚ ਲੱਗੇ ਕਿਰਤੀਆਂ ਦੀ ਅਗਲੀ ਪੀੜ੍ਹੀ ਆਧੁਨਿਕਤਾ ਦੀ ਮਾਰ ਕਾਰਨ ਆਪਣੇ ਪੁਸ਼ਤੈਨੀ ਕਲਾਂ ਤੇ ਕਾਰੋਬਾਰ ਤੋਂ ਮੂੰਹ ਮੋੜ ਲਿਆ ਹੈ। ਜਿਸ ਕਾਰਨ ਇਹ ਪੁਰਾਤਨ ਕਿੱਤਾ ਅਲੋਪ ਹੁੰਦਾ ਜਾ ਰਿਹਾ ਹੈ। ਇਸ ਕਿੱਤੇ ਨਾਲ ਜੁੜੇ ਕਿਰਤੀਆਂ ਦਾ ਕਹਿਣਾ ਹੈ, ਕਿ ਸਰਕਾਰਾਂ ਨੂੰ ਇਸ ਵਿਰਾਸਤੀ ਕਿੱਤੇ ਨੂੰ ਸੁਰਜੀਤ ਰੱਖਣ ਲਈ ਉਨਾਂ ਨੂੰ ਉਤਸ਼ਾਹਿਤ ਕਰਨ ਲਈ ਸਮੇਂ ਸਮੇਂ 'ਤੇ ਉਨਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ। ਕਿਉਂਕਿ ਇਸ ਕਿੱਤੇ ਨਾਲ ਜੁੜੇ ਮਿਹਨਤੀ ਕਿਰਤੀਆਂ ਦੇ ਘਰ ਦੇ ਚੁਲੇ ਇਸ ਸਮੇਂ ਮੁਸ਼ਕਿਲ ਨਾਲ ਚੱਲਦੇ ਹਨ। ਜਿਸ 'ਤੇ ਬਿਜਲਈ ਆਧੁਨਿਕ ਲਾਈਟਾਂ ਦੀ ਵੱਡੀ ਮਾਰ ਪੈ ਰਹੀ ਹੈ। ਦੀਵਾਲੀ ਦੇ ਤਿਉਹਾਰ ਮੱਦੇਨਜ਼ਰ ਪਿੰਡ ਪਿੰਡ ਸਾਈਕਲ ਤੇ ਰੱਖ ਘਰ ਘਰ ਜਾ ਕੇ ਮਿੱਟੀ ਦੇ ਦੀਵੇ ਵੇਚ ਰਿਹਾ 'ਤੇ ਆਪਣੇ ਪੁਸ਼ਤੈਨੀ ਕਿੱਤੇ ਨਾਲ ਜੁੜੇ ਕਿਰਤੀ ਰਾਮ ਕੁਮਾਰ ਧਮਾਣਾ ਨੇ ਇਸ ਸਬੰਧੀ ਅਜੀਤ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਿੱਟੀ ਦੇ ਬਰਤਨ 'ਤੇ ਦੀਵੇ ਬਣਾਉਣ ਲਈ ਕਾਫ਼ੀ ਮਿਹਨਤ ਲੱਗਦੀ ਹੈ, ਪਰ ਮਿਹਨਤ ਦਾ ਵਾਜਬ ਮੁੱਲ ਨਹੀਂ ਮਿਲਦਾ। ਜਿਸ ਕਰਕੇ ਉਨਾਂ ਦੀ ਅਗਲੀ ਨੌਜਵਾਨ ਪੀੜ੍ਹੀ ਇਹ ਕਿੱਤਾ ਨਹੀਂ ਕਰਨਾ ਚਾਹੁੰਦੀ। ਉਨਾਂ ਨੇ ਕਿਹਾ ਕਿ ਸਾਡੇ ਲਈ ਦੀਵਾਲੀ ਸਿਰਫ਼ ਤਿਉਹਾਰ ਹੀ ਨਹੀਂ ਸਗੋਂ ਰੋਜ਼ੀ ਰੋਟੀ ਦਾ ਸਾਧਨ ਹੈ। ਪਰ ਆਧੁਨਿਕਤਾ ਦੇ ਦੌਰ ਵਿਚ ਦੀਵਿਆਂ ਦੀ ਜਗਾ ਰੰਗ ਬਿਰੰਗੀ ਲੜੀਆਂ ਨੇ ਲੈ ਲਈ ਹੈ। ਜਿਸਨੂੰ ਖ਼ਰੀਦਣ ਲਈ ਇਸ ਸਮੇਂ ਲੋਕ ਖ਼ਰੀਦਣ ਵਧੇਰੇ ਤਰਜੀਹ ਦੇ ਰਹੇ ਹਨ। ਜਿਸ ਦੇ ਚੱਲਦੇ ਉਨਾਂ ਨੂੰ ਆਪਣੇ ਘਰ ਚਲਾਉਣਾ ਵੀ ਬੇਹੱਦ ਮੁਸ਼ਕਿਲ ਹੋ ਰਿਹਾ ਹੈ। ਇਸ ਕਿੱਤੇ ਨਾਲ ਜੁੜੇ ਕਿਰਤੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਇਸ ਧੰਦੇ ਅਤੇ ਕਲਾਂ ਨੂੰ ਸੁਰਜੀਤ ਰੱਖਣ ਲਈ ਇਸ ਵਰਗ ਦੀ ਮਾਲੀ ਹਾਲਤ ਸੁਧਾਰਨ ਵੱਲ ਧਿਆਨ ਦੇਵੇ ਤਾਂ ਜੋ ਅਲੋਪ ਹੁੰਦੇ ਜਾ ਰਹੇ ਪੁਰਾਤਨ ਵਿਰਾਸਤੀ ਕਾਰੋਬਾਰ ਸਾਂਭਿਆ ਜਾ ਸਕੇ ਨਹੀਂ ਤਾਂ ਇਹ ਧੰਦਾ ਅਗਲੀਆਂ ਪੀੜ੍ਹੀਆਂ ਲਈ ਸਿਰਫ਼ ਕਹਾਵਤ ਬਣ ਕੇ ਰਹਿ ਜਾਵੇਗਾ। ਲੋਕ ਆਪਣੇ ਬੱਚਿਆਂ ਨੂੰ ਦੱਸਣਗੇ ਕਿ ਦੀਵਾਲੀ ਤਿਉਹਾਰ ਮੌਕੇ 'ਤੇ ਮਿੱਟੀ ਦੇ ਦੀਵੇ ਜਗਾਇਆ ਕਰਦੇ ਸੀ।

ਦੀਵਾਲੀ ਤਿਉਹਾਰ ਦੇ ਮੱਦੇਨਜ਼ਰ ਮਿੱਟੀ ਦੇ ਦੀਵੇ ਪਿੰਡ ਪਿੰਡ ਘਰ-ਘਰ ਵੇਚਣ ਤੇ ਘਟ ਰਹੇ ਇਸ ਧੰਦੇ ਸੰਬੰਧੀ ਦੱਸਦਾ ਹੋਇਆ ਕਿਰਤੀ ਰਾਮ ਕੁਮਾਰ ਧਮਾਣਾ। ਤਸਵੀਰ: ਵਿੰਦਰਪਾਲ ਝਾਂਡੀਆਂ।

ਆਧੁਨਿਕਤਾ ਦੀ ਮਾਰ ਕਾਰਨ ਪੁਸ਼ਤੈਨੀ ਕਾਰੋਬਾਰ ਤੋਂ ਮੂੰਹ ਮੋੜਨ ਲੱਗੀ ਅਗਲੀ ਨੌਜਵਾਨ ਪੀੜ੍ਹੀ

ਦਿਵਾਲੀ ਦਾ ਤਿਓਹਾਰ ਮਨਾਉਣ ਮੌਕੇ ਸੇਂਟ ਕਾਰਮਲ ਸਕੂਲ ਦੇ ਬੱਚੇ ਅਤੇ ਅਧਿਆਪਕਾਵਾਂ।

ਸੇਂਟ ਕਾਰਮਲ ਸਕੂਲ ਵਿਚ ਦੀਵਾਲੀ ਦੇ ਤਿਉਹਾਰ ਦੀਆਂ ਰੌਣਕਾਂ

ਰੂਪਨਗਰ, 19 ਅਕਤੂਬਰ (ਸਤਨਾਮ ਸਿੰਘ ਸੱਤੀ)-ਸੇਂਟ ਕਾਰਮਲ ਸਕੂਲ ਰੂਪਨਗਰ ਵਿਚ ਸ਼ਨੀਵਾਰ ਨੂੰ ਦੀਵਾਲੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਮਾਤਾ ਲੱਛਮੀ ਤੇ ਸ੍ਰੀ ਗਣੇਸ਼ ਜੀ ਦੀ ਪੂਜਾ ਨਾਲ ਹੋਈ। ਇਸ ਮੌਕੇ 'ਤੇ ਸ੍ਰੀ ਰਾਮ, ਸੀਤਾ ਤੇ ਲਕਸ਼ਮਣ ਜੀ ਦੀ ਸੁੰਦਰ ਝਾਕੀ ਵੀ ਤਿਆਰ ਕੀਤੀ ਗਈ। ਸਕੂਲ ਸੰਸਥਾਪਕ ਅਮਰਜੀਤ ਸਿੰਘ ਸੈਣੀ, ਐਮ.ਡੀ. ਸ੍ਰੀਮਤੀ ਮਾਧੁਰੀ ਸੈਣੀ ਅਤੇ ਡਿਵੈਲਪਮੈਂਟ ਮੈਨੇਜਰ ਸ੍ਰੀਮਤੀ ਜਯਾ ਸੈਣੀ ਨੇ ਸਟਾਫ਼ ਨੂੰ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਤੋਹਫ਼ੇ ਵੰਡੇ। ਵਿਦਿਆਰਥੀਆਂ ਲਈ ਅੰਤਰ-ਹਾਊਸ ਰੰਗੋਲੀ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿੱਚ ਬੱਚਿਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਡਾਇਰੈਕਟਰ ਪ੍ਰਿੰਸੀਪਲ ਡਾ. ਪੂਨਮ ਡੋਗਰਾ ਅਤੇ ਪ੍ਰਿੰਸੀਪਲ ਸ੍ਰੀਮਤੀ ਪੂਜਾ ਜੈਨ ਨੇ ਵਿਦਿਆਰਥੀਆਂ ਨੂੰ ਗ੍ਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਜਯਾ ਸੈਣੀ ਨੇ ਬੱਚਿਆਂ ਨਾਲ ਦੀਵੇ ਤੇ ਮੋਮਬੱਤੀਆਂ ਜਗਾ ਕੇ ਖੁਸ਼ੀ ਸਾਂਝੀ ਕੀਤੀ ਤੇ ਸਾਫ਼-ਸੁਥਰਾਈ ਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ। ਇਸ ਤਰ੍ਹਾਂ ਸਕੂਲ ਪਰਿਵਾਰ ਨੇ ਰਲਮਿਲ ਕੇ ਖੁਸ਼ੀਆਂ, ਪ੍ਰੇਮ ਤੇ ਏਕਤਾ ਦਾ ਸੰਦੇਸ਼ ਦਿੰਦਿਆਂ ਦੀਵਾਲੀ ਦਾ ਤਿਉਹਾਰ ਮਨਾਇਆ।

ਐਸ. ਜੀ. ਐਸ. ਖ਼ਾਲਸਾ ਸੀ: ਸੈ: ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਐਨ.ਸੀ.ਸੀ. ਕੈਡਿਟ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਸਬੰਧੀ ਬਣਾਏ ਚਿੱਤਰ ਅਤੇ ਸਕੂਲ ਪ੍ਰਿੰ: ਮੈਡਮ ਸੁਖਪਾਲ ਕੌਰ, ਐਨ.ਸੀ.ਸੀ. ਚੀਫ ਅਫ਼ਸਰ ਰਣਜੀਤ ਸਿੰਘ ਸੈਣੀ ਨਾਲ ਤਸਵੀਰ ਖਿਚਵਾਉਂਦੇ ਹੋਏ।

ਐਸ.ਜੀ.ਐਸ. ਖ਼ਾਲਸਾ ਸੀ: ਸੈ: ਸਕੂਲ ਦੇ ਐਨ.ਸੀ.ਸੀ. ਕੈਡਿਟਾਂ ਨੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਕੀਤਾ ਪ੍ਰਣ

ਸ੍ਰੀ ਅਨੰਦਪੁਰ ਸਾਹਿਬ, 19 ਅਕਤੂਬਰ (ਕਰਨੈਲ ਸਿੰਘ)- ਕਮਾਂਡਿੰਗ ਅਫ਼ਸਰ ਕਰਨਲ ਰਾਜੇਸ਼ਵਰ ਸਿੰਘ, ਐਡਮ ਅਫ਼ਸਰ ਕਰਨਲ ਆਰ. ਕੇ. ਚੌਧਰੀ ਦੇ ਦਿਸ਼ਾ ਨਿਰਦੇਸ਼ ਤਹਿਤ ਅਤੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਦੀ ਅਗਵਾਈ 'ਚ ਸਕੂਲ ਦੇ ਐਨ.ਸੀ.ਸੀ. ਕੈਡਟਾਂ ਨੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਪ੍ਰਣ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਚੀਫ਼ ਐਨ.ਸੀ.ਸੀ. ਅਫ਼ਸਰ ਰਣਜੀਤ ਸਿੰਘ ਸੈਣੀ ਨੇ ਦੱਸਿਆ ਕਿ ਐਨ.ਸੀ.ਸੀ. ਕੈਡਿਟਾਂ ਵਲੋਂ ਸਕੂਲ ਦੇ ਵਿਦਿਆਰਥੀਆਂ ਅਤੇ ਸ਼ਹਿਰ ਵਾਸੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕਰਨ ਦੇ ਲਈ ਚਾਰਟ ਬਣਾਏ ਗਏ। ਇਨ੍ਹਾਂ ਚਾਰਟਾਂ 'ਚ ਕੈਡਿਟਾਂ ਵਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ, ਕਿ ਉਹ ਇਸ ਦੀਵਾਲੀ ਮੌਕੇ ਕਿਸੇ ਤਰ੍ਹਾਂ ਦੀ ਆਤਿਸ਼ਬਾਜ਼ੀ ਨਾ ਕਰਨ ਅਤੇ ਪੌਣ ਪਾਣੀ ਨੂੰ ਗੰਧਲਾ ਹੋਣ ਤੋਂ ਬਚਾਉਣ 'ਚ ਆਪਣਾ ਯੋਗਦਾਨ ਦੇਣ। ਇਸ ਮੌਕੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਐਨ.ਸੀ.ਸੀ. ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੌਣ ਪਾਣੀ ਨੂੰ ਸਾਫ਼ ਸੁਥਰਾ ਰੱਖਣਾ ਸਾਡਾ ਸਭ ਦਾ ਮੁੱਢਲਾ ਫ਼ਰਜ਼ ਹੈ। ਦੀਵਾਲੀ ਮੌਕੇ ਆਤਿਸ਼ਬਾਜ਼ੀ ਕਰਨ ਦੇ ਨਾਲ ਹਵਾ ਪ੍ਰਦੂਸ਼ਣ ਹੁੰਦਾ ਹੈ ਅਤੇ ਹਵਾ ਪ੍ਰਦੂਸ਼ਣ ਦੇ ਨਾਲ ਸਾਨੂੰ ਬਹੁਤ ਸਾਰੀਆਂ ਬਿਮਾਰੀਆਂ ਆਪਣੀ ਜਕੜ 'ਚ ਲੈ ਲੈਂਦੀਆਂ ਹਨ। ਇਸ ਲਈ ਹਰ ਕਿਸੇ ਨੂੰ ਆਤਿਸ਼ਬਾਜ਼ੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਉੱਤੇ ਕੈਡਿਟਾਂ ਨੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਪ੍ਰਣ ਵੀ ਕੀਤਾ।

ਬਿਲਡਿੰਗ ਉਸਾਰੀ ਮਜ਼ਦੂਰ ਯੂਨੀਅਨ ਸ੍ਰੀ ਚਮਕੌਰ ਸਾਹਿਬ ਦੀ ਮੀਟਿੰਗ

ਸ੍ਰੀ ਚਮਕੌਰ ਸਾਹਿਬ,19 ਅਕਤੂਬਰ (ਜਗਮੋਹਣ ਸਿੰਘ ਨਾਰੰਗ)-ਬਿਲਡਿੰਗ ਉਸਾਰੀ ਨਾਲ ਸੰਬੰਧਿਤ ਮਿਸਤਰੀਆਂ, ਮਜ਼ਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ (ਸੰਬੰਧਿਤ ਇਫਟੂ) ਬਲਾਕ ਸ੍ਰੀ ਚਮਕੌਰ ਸਾਹਿਬ ਦੀ ਮੀਟਿੰਗ ਸ੍ਰੀ ਵਿਸ਼ਵਕਰਮਾ ਭਵਨ ਵਿਖੇ ਪ੍ਰਧਾਨ ਬਲਵਿੰਦਰ ਸਿੰਘ ਭੈਰੋ ਮਾਜਰਾ ਦੀ ਪ੍ਰਧਾਨਗੀ ਹੇਠ ਹੋਈ। ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ ਨੇ ਦੱਸਿਆ ਕਿ ਉਸਾਰੀ ਨਾਲ ਸੰਬੰਧਿਤ ਮਜ਼ਦੂਰਾਂ, ਮਿਸਤਰੀਆਂ ਦੇ ਬੈਠਣ, ਆਰਾਮ ਕਰਨ ਲਈ ਪੰਜਾਬ ਸਰਕਾਰ ਵਲੋਂ ਜਾਰੀ ਫੰਡਾਂ ਰਾਹੀਂ ਨਗਰ ਕੌਂਸਲ ਵਲੋਂ ਬਣਾਇਆ ਗਿਆ ਲੇਬਰ ਚੌਕ ਪਿਛਲੇ ਤਿੰਨ ਸਾਲਾਂ ਤੋਂ ਅਧੂਰਾ ਪਿਆ ਹੈ। ਇਸ ਸਬੰਧੀ ਯੂਨੀਅਨ ਵਲੋਂ ਕਾਰਜ ਸਾਧਕ ਅਫਸਰ ਸਮੇਤ ਹਲਕਾ ਵਿਧਾਇਕ ਨੂੰ ਕਈ ਵਾਰ ਮੰਗ ਪੱਤਰ ਦਿੱਤਾ ਜਾ ਚੁੱਕਾ ਹੈ ਪਰ ਅੱਜ ਤੱਕ ਅਧੂਰੇ ਪਏ ਲੇਬਰ ਚੌਕ ਨੂੰ ਮੁਕੰਮਲ ਨਹੀਂ ਕੀਤਾ ਗਿਆ। ਇਥੋਂ ਤੱਕ ਜੋ ਵੀ ਕੰਮ ਹੋਇਆ ਹੈ ਉਸ ਵਿਚ ਵੀ ਵੱਡਾ ਭਰਿਸ਼ਟਾਚਾਰ ਨਜ਼ਰ ਆਉਂਦਾ ਹੈ ਕਿਉਂਕਿ ਠੇਕੇਦਾਰ ਵਲੋਂ ਬਣਾਏ ਬਾਥਰੂਮਾਂ, ਜਿਨ੍ਹਾਂ ਨੂੰ ਚਾਲੂ ਕਰਨ ਤੋਂ ਪਹਿਲਾਂ ਹੀ ਇਨ੍ਹਾਂ ਦਾ ਲੈਂਟਰ ਦੱਬ ਗਿਆ ਹੈ। ਅਧੂਰੇ ਪਏ ਲੇਬਰ ਚੌਕ ਕਾਰਨ ਸਮੁੱਚੇ ਮਿਸਤਰੀਆਂ ਮਜ਼ਦੂਰਾਂ ਨੂੰ ਸੜਕਾਂ ਤੇ ਖੜਨ ਲਈ ਮਜਬੂਰ ਹੋਣਾ ਪੈਂਦਾ ਹੈ। ਇਨ੍ਹਾਂ ਦੱਸਿਆ ਕਿ ਜਥੇਬੰਦੀ ਦੇ ਆਗੂ ਕਾਰਜ ਸਾਧਕ ਅਫਸਰ ਨੂੰ ਮਿਲਣ ਲਈ ਪਿਛਲੇ ਦੋ ਮਹੀਨਿਆਂ ਤੋਂ ਖੱਜਲ ਖੁਆਰ ਹੋ ਰਹੇ ਹਨ ਪ੍ਰੰਤੂ ਨਾ ਹੀ ਲੇਬਰ ਚੌਕ ਨੂੰ ਮੁਕੰਮਲ ਕਰਾਇਆ ਜਾ ਰਿਹਾ ਅਤੇ ਨਾ ਹੀ ਜਥੇਬੰਦੀ ਨੂੰ ਮੀਟਿੰਗ ਦਾ ਸਮਾਂ ਦਿੱਤਾ ਜਾ ਰਿਹਾ ਹੈ। ਜਿਸ ਕਾਰਨ ਜਥੇਬੰਦੀ ਨੇ ਫੈਸਲਾ ਕੀਤਾ ਕਿ ਜੇਕਰ ਕਾਰਜ ਸਾਧਕ ਅਫ਼ਸਰ ਵਲੋਂ ਜਥੇਬੰਦੀ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ 29 ਅਕਤੂਬਰ ਨੂੰ ਸੰਬੰਧਿਤ ਦਫ਼ਤਰ ਅੱਗੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ। ਮੀਟਿੰਗ ਵਿਚ ਦਲਵੀਰ ਸਿੰਘ ਜਟਾਣਾ, ਸੁਰਿੰਦਰ ਸਿੰਘ ਅੰਗਰੇਜ, ਜਗਮੀਤ ਸਿੰਘ ਪਲੰਬਰ, ਸਤਵਿੰਦਰ ਸਿੰਘ ਨੀਟਾ, ਕਮਲਜੀਤ ਸਿੰਘ, ਗੁਲਾਬ ਚੰਦ ਚੌਹਾਨ, ਅਜੈਬ ਸਿੰਘ ਸਮਾਣਾ, ਗੁਰਮੇਲ ਸਿੰਘ, ਦਵਿੰਦਰ ਸਿੰਘ ਰਾਜੂ, ਰਮੇਸ਼ ਕੁਮਾਰ ਕਾਕਾ, ਬਹਾਦਰ ਸਿੰਘ ਜਟਾਣਾ, ਮਲਾਗਰ ਸਿੰਘ ਆਦਿ ਆਗੂ ਹਾਜਰ ਸਨ।

ਟਿੱਬਾ ਨੰਗਲ ਕਾਲਜ ਵਿਖੇ ਦੀਵਾਲੀ ਦੇ ਤਿਉਹਾਰ ਮਨਾਉਣ ਮੌਕੇ ਵਿਦਿਆਰਥੀ ਤੇ ਸਟਾਫ਼। ਤਸਵੀਰ: ਵਿੰਦਰਪਾਲ ਝਾਂਡੀਆਂ

ਭੂਰੀਵਾਲੇ ਟਿੱਬਾ ਨੰਗਲ ਕਾਲਜ ਤੇ ਸਕੂਲ ਵਿਖੇ ਗ੍ਰੀਨ ਦੀਵਾਲੀ ਦਾ ਤਿਉਹਾਰ ਮਨਾਇਆ

ਨੂਰਪੁਰ ਬੇਦੀ,